## ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2025/ 37865 **ਦਫਤਰੀ ਹੁਕਮ** ਮਿਤੀ- 15/9/25

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ:ਡੀ.ਪੀ.ਆਰ/ਪੀਬੀ/2329/12/2025-26/1391 ਅਤੇ ਡੀ.ਪੀ.ਆਰ/2329/12/2025-26/1391 ਮਿਤੀ: 24.07.2025 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 10.08.2025 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਨਿਮਨ ਲਿਖਤ ਡਾਕਟਰ ਵੱਲੋਂ ਗਾਇਨੀ ਵਿਭਾਗ ਵਿਚ ਸੀਨੀਅਰ ਰੈਜੀਡੈਂਸੀ ਕਰਨ ਲਈ ਪੀ.ਸੀ.ਐਮ.ਐਸ ਕੈਟਾਗਰੀ-1 ਅਧੀਨ ਅਪਲਾਈ ਕੀਤਾ ਗਿਆ ਸੀ। ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਕਰਨ ਲਈ ਮਿਤੀ 12.09.2025 ਨੂੰ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਇਸ ਦਫਤਰੀ ਹੁਕਮ ਰਾਹੀਂ ਨਿਮਨ ਲਿਖਤ ਡਾਕਟਰ ਦੀ ਚੋਣ ਬਤੌਰ ਸੀਨੀਅਰ ਰੈਜੀਡੈਂਟ ਇਸ ਸੰਸਥਾ ਵਿਖੇ ਕੀਤੀ ਜਾਂਦੀ ਹੈ:-

| S.No. | Name of Doctors | Father/Husband Name | Category (1 to 7) |
|---|---|---|---|
| | **OBSTETRICS AND GYNECOLOGY** | | |
| 1 | Dr. Veenu Dawra, Medical Officer, Merit No. 162/GC/2015, CHC Khui Khera , Fazilka | Sh. Vijay Dawra | 1 |

ਸਬੰਧਤ ਡਾਕਟਰ ਦੀ ਬਤੌਰ ਸੀਨੀਅਰ ਰੈਜੀਡੈਂਟ ਸਲੈਕਸ਼ਨ ਨਿਮਨ ਲਿਖਤ ਸ਼ਰਤਾਂ ਅਧੀਨ ਹੋਵੇਗੀ।

(1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਸੀਨੀਅਰ ਰੈਜੀਡੈਂਟ ਡਾਕਟਰ ਦੀ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(2) ਚੁਣੇ ਗਏ ਉਮੀਦਵਾਰ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਹੋ ਜਾਵੇਗੀ, ਉਹ ਅੰਤਿਮ ਹੋਵੇਗੀ।

(3) ਚੁਣੇ ਗਏ ਉਮੀਦਵਾਰ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(4) ਚੁਣੇ ਗਏ ਉਮੀਦਵਾਰ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਕਿਸੇ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

(5) ਡਾਕਟਰ ਆਪਣੀ ਜੁਆਇਨਿੰਗ ਸਮੇ ਪਿੱਤਰੀ ਵਿਭਾਗ ਤੋ ਜਾਰੀ ਫਾਰਮਲ ਐਨ.ਓ.ਸੀ ਪੇਸ਼ ਕਰਨਗੇ ਅਤੇ ਪਿੱਤਰੀ ਵਿਭਾਗ ਪਾਸੋਂ ਫਾਰਮਲ ਐਨ.ਓ.ਸੀ ਪੇਸ਼ ਕਰਨ ਦੀ ਸੂਰਤ ਵਿਚ ਹੀ ਹਾਜਰ ਕਰਵਾਇਆ ਜਾਵੇਗਾ।

ਡਾਇਰੈਕਟਰ ਪ੍ਰਿੰਸੀਪਲ
ਰਕਾਰੀ ਮੈਡੀਕਲ ਕਾਲਜ, ਪਟਿਆਲਾ

ਪਿੱ:ਅੰ:ਨੰ:1(4022)ਈ1/2025/ 37866-77 ਮਿਤੀ- 15/9/25

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਰਜਿਸਟਰਾਰ, ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
9. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਪ੍ਰੋਫੈਸਰ ਤੇ ਮੁੱਖੀ, ਗਾਇਨੀ ਵਿਭਾਗ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਸਬੰਧਤ ਡਾਕਟਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਡਾਇਰੈਕਟਰ ਪ੍ਰਿੰਸੀਪਲ
ਰਕਾਰੀ ਮੈਡੀਕਲ ਕਾਲਜ, ਪਟਿਆਲਾ